'ਆਪ' ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਪ੍ਰਧਾਨ ਮੰਤਰੀ ਨੂੰ ਲਿਖੀ ਚਿੱਠੀ

'ਵੀਰ ਬਾਲ ਦਿਵਸ' ਦਾ ਨਾਂ ਬਦਲ ਕੇ 'ਸਾਹਿਬਜ਼ਾਦੇ ਸ਼ਹਾਦਤ ਦਿਵਸ' ਰੱਖਣ ਦੀ ਕੀਤੀ ਅਪੀਲ

ਸ੍ਰੀ ਅਨੰਦਪੁਰ ਸਾਹਿਬ, 9 ਦਸੰਬਰ (ਵਿਨੰਦ ਸ਼ਰਮਾ) : ਆਮ ਆਦਮੀ ਪਾਰਟੀ ਦੇ ਸ੍ਰੀ ਅਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇਕ ਪੱਤਰ ਲਿਖਿਆ ਹੈ। ਇਸ ਪੱਤਰ ਰਾਹੀਂ ਉਨ੍ਹਾਂ ਕੇਂਦਰ ਸਰਕਾਰ ਨੂੰ 'ਵੀਰ ਬਾਲ ਦਿਵਸ' ਦਾ ਨਾਮ ਬਦਲ ਕੇ 'ਸਾਹਿਬਜ਼ਾਦੇ ਸ਼ਹਾਦਤ ਦਿਵਸ' ਰੱਖਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ ਅਨੁਸਾਰ 'ਸਾਹਿਬਜ਼ਾਦੇ ਸ਼ਹਾਦਤ ਦਿਵਸ' ਰਖਿਆ ਜਾਵੇ। ਉਨ੍ਹਾਂ ਅੱਗੇ ਲਿਖਿਆ ਕਿ ਮੈਂ ਇਕ ਸਿੱਖ ਸੰਗਤ ਅਤੇ ਸੰਸਦ ਵਿਚ ਸ੍ਰੀ ਅਨੰਦਪੁਰ ਸਾਹਿਬ ਦੇ ਚੁਣੇ ਹੋਏ ਪ੍ਰਤੀਨਿਧੀ ਹੋਣ ਦੇ ਨਾਤੇ ਮੈਂ 4 ਦਸੰਬਰ 2025 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵਲੋਂ ਜਾਰੀ ਕੀਤੇ ਗਏ ਨਿਰਦੇਸ਼ਾਂ ਨਾਲ ਪੂਰੀ ਤਰ੍ਹਾਂ ਖੜਾ ਹਾਂ। ਅੰਮ੍ਰਿਤਸਰ ਦੀ ਪਵਿੱਤਰ ਧਰਤੀ ਤੋਂ ਉਨ੍ਹਾਂ ਦੀ ਅਪੀਲ ਸਿੱਖ ਪੰਥ ਦੀ ਸਮੂਹਿਕ

ਅੰਤਰਆਤਮਾ ਦੀ ਗਹਿਰਾਈ ਨਾਲ ਜੁੜੀ ਹੋਈ ਹੈ। ਜਿਸ 'ਚ ਕੇਂਦਰ ਸਰਕਾਰ ਤੋਂ 'ਵੀਰ ਬਾਲ ਦਿਵਸ' ਦਾ ਨਾਮ ਬਦਲ ਕੇ 'ਸਾਹਿਬਜ਼ਾਦੇ ਸ਼ਹਾਦਤ ਦਿਵਸ' ਕਰਨ ਦੀ ਅਪੀਲ ਕੀਤੀ ਗਈ ਹੈ। ਇਹ ਨਾਮ ਬਦਲਣਾ ਸਿਰਫ਼ ਨਾਮ ਰੱਖਣ ਦੀ ਗੱਲ ਨਹੀਂ ਹੈ ਬਲਕਿ ਸਿੱਖ ਮਰਿਆਦਾ ਦੀ ਪਵਿੱਤਰਤਾ ਨੂੰ ਬਣਾਈ ਰੱਖਣ ਦੇ ਲਈ ਜ਼ਰੂਰੀ ਕਦਮ ਹੈ। ਤਾਂ ਜੋ ਇਹ ਪੱਕਾ ਹੋ ਸਕੇ ਕਿ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਉਸੇ ਸਨਮਾਨ ਦੇ ਨਾਲ ਮਨਾਇਆ ਜਾਵੇ ਜੋ ਉਨ੍ਹਾਂ ਨੂੰ ਮਿਲਦਾ ਹੈ। ਸਿਆਸੀ ਹਿਤਾਂ ਦੇ ਮੱਦੇਨਜ਼ਰ ਸ਼ਹਾਦਤ ਦੀ ਅਹਿਮੀਅਤ ਨੂੰ ਕਮਜ਼ੋਰ ਨਾ ਕੀਤਾ ਜਾਵੇ। ਜ਼ਿਕਰਯੋਗ ਹੈ ਕਿ ਕੇਂਦਰ ਸਰਕਾਰ ਨੇ 2022 'ਚ 26 ਦਸੰਬਰ ਨੂੰ 'ਵੀਰ ਬਾਲ ਦਿਵਸ' ਵਜੋਂ ਮਨਾਉਣਾ ਭਾਵੇਂ ਚੰਗੇ ਇਰਾਦੇ ਨਾਲ ਕੀਤਾ ਸੀ ਪਰ ਅਨਜਾਣੇ 'ਚ ਇਸ ਸ਼ਹਾਦਤ ਦੀ ਅਹਿਮੀਅਤ ਨੂੰ ਨਜ਼ਰ ਅੰਦਾਜ਼ ਕਰ ਦਿੱਤਾ ਗਿਆ ਹੈ, ਜੋ ਕੁਲਮ ਦੇ ਖ਼ਾਲਫ਼ ਸਿੱਖਾਂਦੀ ਮਜ਼ਬੂਤੀ ਦੀ ਨੀਂਹ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਹੋਰ ਸਿੱਖ ਸੰਸਥਾਵਾਂ ਵੀ 'ਵੀਰ ਬਾਲ ਦਿਵਸ' ਦਾ ਨਾਂ ਬਦਲ ਕੇ 'ਸਾਹਿਬਜ਼ਾਦੇ ਸ਼ਹਾਦਤ ਦਿਵਸ' ਰੱਖਣ ਦੀ ਵਕਾਲਤ ਕਰ ਚੁੱਕੀਆਂ ਹਨ। ਜ਼ਿਕਰਯੋਗ ਹੈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵਲੋਂ ਵੀ ਪੰਜਾਬ ਦੇ ਸਾਰੇ ਸੰਸਦ ਮੈਂਬਰਾਂ ਨੂੰ ਇਸ ਸਬੰਧੀ ਪੱਤਰ ਲਿਖਿਆ ਗਿਆ ਹੈ।

ਜਥੇਦਾਰ ਗੜਗੱਜ ਨੂੰ ਕੌਮ ਤੇ ਪੰਥ ਵਲੋਂ ਕੋਈ ਮਾਨਤਾ ਨਹੀਂ : ਸਖੀਰਾ

ਅੰਮ੍ਰਿਤਸਰ, 9 ਦਸੰਬਰ (ਸੁਖਵਿੰਦਰਜੀਤ ਸਿੰਘ ਬਹੋਰੂ) : ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਵਲੋਂ ਕੀਤੇ ਫ਼ੈਸਲਿਆਂ ਦੇ ਐਲਾਨ 'ਤੇ ਸਰਬੱਤ ਖ਼ਾਲਸਾ ਸੰਮੇਲਨ 2015 ਦੇ ਸੁਮੱਚੇ ਅਹੁਦੇਦਾਰਾਂ ਤੇ ਮੈਂਬਰਾਂ ਵਲੋਂ ਤਿੱਖੀ ਪ੍ਰਤੀਕਿਰਿਆ ਕਰਨ ਦੇ ਨਾਲ ਨਾਲ ਇਸ ਨੂੰ ਮੁਲੋਂ ਰੱਦ ਕੀਤਾ ਗਿਆ ਹੈ। ਇਸ ਸਬੰਧੀ ਅਪਣਾ ਪ੍ਰਤੀਕ੍ਰਮ ਜਾਹਿਰ ਕਰਦਿਆਂ ਸਰਬੱਤ ਖ਼ਾਲਸਾ ਸੰਮੇਲਨ 2015 ਦੇ ਮੁੱਖ ਪ੍ਰਬੰਧਕ ਭਾਈ ਜਨਰੈਲ ਸਿੰਘ ਸਖੀਰਾ, ਭਾਈ ਮੋਹਕਮ ਸਿੰਘ, ਭਾਈ ਵੱਸਣ ਸਿੰਘ ਜੱਫਰਵਾਲ, ਭਾਈ ਸੁਤਨਾਮ ਸਿੰਘ ਮਨਾਵਾ ਆਦਿ ਨੇ ਕਿਹਾ ਕਿ ਕੁਲਦੀਪ ਸਿੰਘ ਗੜਗੱਜ ਨੂੰ ਕੌਮ ਤੇ ਪੰਥ ਵਲੋਂ ਕੋਈ ਮਾਨਤਾ ਨਹੀਂ ਹੈ। ਉਹ ਸਿਰਫ਼ ਤੇ ਸਿਰਫ਼ ਬਾਦਲ ਪਰਵਾਰ ਦੇ ਹੱਥ ਠੋਕੇ ਹਨ ਤੇ ਕੌਮ ਅਤੇ ਪੰਥ ਦੀਆਂ ਵਿਰਾਸਤੀ ਰਹੁ ਰੀਤਾਂ, ਰਵਾਇਤਾਂ ਤੇ ਪਰੰਪਰਾਵਾਂ ਤੋਂ ਪਰੇ ਰੰਧਿ ਕੇ ਉਨ੍ਹਾਂ ਫ਼ੈਸਲਿਆਂ ਨੂੰ ਹਕੀਕੀ ਰੂਪ ਤੇ ਅਮਲੀ ਜਾਮਾ ਪਹਿਨਾਉਂਦੇ ਹਨ। ਜਿਸਦਾ ਕੰਟਰੋਲ ਬਾਦਲ ਪਰਵਾਰ ਕੋਲ ਹੁੰਦਾ ਹੈ। ਉਨ੍ਹਾਂ ਕਿਹਾ ਕਿ 2015 ਸਰਬੱਤ

ਖ਼ਾਲਸਾ ਸੰਮੇਲਨ ਦੌਰਾਨ ਜਗਤਾਰ ਸਿੰਘ ਹਵਾਰਾ ਨੂੰ ਸਮੁੱਚੀ ਕੌਮ ਤੇ ਪੰਥ ਵਲੋਂ ਅਕਾਲ ਤਖ਼ਤ ਸਾਹਿਬ ਦਾ ਜਥੇਦਾਰ ਥਾਪਿਆ ਗਿਆ ਹੈ ਜੋ ਕਿ ਸਰਬ ਪ੍ਰਵਾਨਤ ਹਨ। ਉਨ੍ਹਾਂ ਦੀ ਗੈਰ ਹਾਜ਼ਰੀ ਵਿਚ ਇਹ ਅਹਿਮ ਜ਼ਿੰਮੇਵਾਰੀ ਬਤੌਰ ਕਾਰਜਕਾਰੀ ਜਥੇਦਾਰ ਧਿਆਨ ਸਿੰਘ ਮੰਡ ਬੜੇ ਵਧੀਆ ਤਰੀਕੇ ਨਾਲ ਨਿਭਾ ਰਹੇ ਹਨ। ਫ਼ੈਸਲੇ ਲੈਣ ਅਤੇ ਦੇਣ ਦਾ ਅਧਿਕਾਰ ਸਿਰਫ਼ ਤੇ ਸਿਰਫ਼ ਜਗਤਾਰ ਸਿੰਘ ਹਵਾਰਾ ਤੇ ਧਿਆਨ ਸਿੰਘ ਮੰਡ ਨੂੰ ਹੀ ਹੈ। ਉਨ੍ਹਾਂ ਕਿਹਾ ਕਿ ਜੇ ਜਥੇਦਾਰ ਗੜਗੱਜ ਨੂੰ ਸਰਕਾਰੀ ਜਥੇਦਾਰ ਕਹਿ ਲਿਆ ਜਾਵੇ ਤਾਂ ਇਹ ਅੰਤਿ ਕਥਨੀ ਨਹੀਂ ਹੋਵੇਗੀ। ਉਨ੍ਹਾਂ ਕਿਹਾ ਕਿ ਜਥੇਦਾਰ ਗੜਗੱਜ ਵਲੋਂ ਅਕਾਲ ਤਖ਼ਤ ਦੀ ਮਾਨ ਮਰਿਆਦਾ ਨੂੰ ਪਰੇ ਰੰਧਿ ਕੇ ਡਸੀਲ ਤੋਂ ਕੀਤੇ ਗਏ ਫ਼ੈਸਲਿਆਂ 'ਚੋਂ ਬਾਦਲ ਪਰਵਾਰ ਦੀ ਦਖ਼ਲ ਅੰਦਾਜ਼ੀ ਦੀ ਤੇ ਨਿਜੀ ਸਵਾਰਥ ਦੀ ਵਾਸਨਾ ਆਉਂਦੀ ਹੈ। ਅਜਿਹੇ ਵਿਚ ਇੰਨ੍ਹਾਂ ਫ਼ੈਸਲਿਆਂ ਨੂੰ ਕੌਮ ਤੇ ਪੰਥ ਵਲੋਂ ਨਾਂ ਤਾਂ ਕਦੇ ਤਸਦੀਕ ਕੀਤਾ ਜਾ ਸਕਦਾ ਹੈ ਤੇ ਨਾ ਹੀ ਬਾਦਲ ਪਰਵਾਰ ਨੂੰ ਮੁਆਫ਼ ਕੀਤਾ ਜਾ ਸਕਦਾ ਹੈ।

ਗੁਰਦੁਆਰਾ ਸਿੱਖ ਸੈਂਟਰ ਫ਼ਰੈਂਕਫ਼ੋਰਟ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ

ਫ਼ਰੈਂਕਫ਼ੋਰਟ, 9 ਦਸੰਬਰ (ਸੰਦੀਪ ਸਿੰਘ ਖਾਲਸਾ) : ਗੁਰਦੁਆਰਾ ਸਿੱਖ ਸੈਂਟਰ ਫ਼ਰੈਂਕਫ਼ੋਰਟ ਵਿਚ ਸਾਹਿਬੇ-ਕਮਾਲ, ਦਸਮੇਸ਼ ਪਾਤਸ਼ਾਹ ਦੇ ਲਖਤ-ਏ-ਜਿਗਰ, ਸਾਹਿਬਜ਼ਾਦਾ ਬਾਬਾ ਜੋਰਾਵਰ ਸਿੰਘ ਜੀ ਦੇ ਜਨਮ ਦਿਨ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ 7 ਦਸੰਬਰ, ਐਤਵਾਰ ਨੂੰ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਬੜੇ ਹੀ ਸ਼ਰਧਾ ਭਾਵ ਨਾਲ ਆਯੋਜਨ ਕੀਤਾ ਗਿਆ। ਗੁਰਦੁਆਰਾ ਕਮੇਟੀ ਨੇ ਜਾਣਕਾਰੀ ਦਿੰਦਿਆਂ ਦਸਿਆ ਕਿ ਸਮਾਗਮ ਦੀ ਸ਼ੁਰੂਆਤ ਸਾਹਿਜ ਪਾਠ ਦੀ ਸੰਪੂਰਨਤਾ ਨਾਲ ਹੋਈ। ਇਸ ਤੋਂ ਬਾਅਦ ਦੀਵਾਨ ਸਜਾਏ ਗਏ, ਜਿਨ੍ਹਾਂ ਵਿਚ ਬੱਚਿਆਂ ਅਤੇ ਗੁਰੂ ਘਰ ਦੇ ਰਾਗੀ ਭਾਈ ਚਮਕੌਰ ਸਿੰਘ ਜਫ਼ਰਾ ਅਤੇ ਭਾਈ ਲਖਬੀਰ ਸਿੰਘ ਨੇ ਸ਼ਬਦ ਕੀਰਤਨ ਕੀਤਾ। ਕਥਾਵਾਚਕ ਭਾਈ ਗੁਰਭੇਜ ਸਿੰਘ ਅਨੰਦਪੁਰੀ ਅਤੇ ਭਾਈ ਗੁਰਵੀਰ ਸਿੰਘ ਹਾਲੈਂਡ ਨੇ ਗੁਰਮਤਿ ਵਿਚਾਰ ਸਾਂਝੇ ਕੀਤੇ ਤੇ ਬੀਬੀ ਰਾਜੀਮਨਦੀਪ ਕੌਰ ਨੇ ਕਵਿਤਾ ਰਾਹੀਂ ਸਾਧ ਸੰਗਤ ਨੂੰ ਨਿਹਾਲ ਕੀਤਾ। ਭਾਈ ਪਰਮਜੀਤ ਸਿੰਘ ਨੇ ਸ਼ਬਦ ਕੀਰਤਨ ਦੀ ਸੇਵਾ ਨਿਭਾਈ। ਸਟੇਜ ਸਕੱਤਰ ਦੀ ਸੇਵਾ ਭਾਈ ਹੀਰਾ ਸਿੰਘ ਮੱਤੇਵਾਲ ਨੇ ਬਖ਼ੂਬੀ ਹੀ ਸੁਚੱਜੇ ਤਰੀਕੇ ਨਾਲ ਨਿਭਾਈ। ਉਨ੍ਹਾਂ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਮੂਹ ਸਾਧ ਸੰਗਤ ਨੂੰ ਸਾਹਿਬਜ਼ਾਦਾ ਬਾਬਾ ਜੋਰਾਵਰ ਸਿੰਘ ਜੀ ਦੇ ਜਨਮ ਦਿਨ ਦੀਆਂ ਮੁਬਾਰਕਾਂ ਦੇਂਦਿਆਂ ਹਾਜ਼ਰੀ ਭਰਨ ਲਈ ਧਨਵਾਦ ਕੀਤਾ। ਸਮੂਹ ਸਾਧ ਸੰਗਤ ਨੇ ਸਮਾਗਮ ਵਿਚ ਹਾਜ਼ਰੀ ਭਰ ਕੇ ਗੁਰੂ ਸਾਹਿਬ ਦੀਆਂ ਬਖ਼ਸ਼ਿਸ਼ਾਂ ਪ੍ਰਾਪਤ ਕੀਤੀਆਂ ਅਤੇ ਗੁਰੂ ਕਾ ਲੰਗਰ ਅਟੁੱਟ ਵਰਤਦਾ ਰਿਹਾ।

ਸ਼੍ਰੋਮਣੀ ਕਮੇਟੀ 'ਤੇ ਐਫ਼.ਆਈ.ਆਰ. ਦਰਜ ਹੋਣਾ ਪੰਥਕ ਭਾਵਨਾਵਾਂ ਦੀ ਜਿੱਤ : ਕਾਲਕਾ

ਨਵੀਂ ਦਿੱਲੀ, 9 ਦਸੰਬਰ (ਅਮਨਦੀਪ ਸਿੰਘ) : ਗੁਰੂ ਗ੍ਰੰਥ ਸਾਹਿਬ ਦੇ ਲਾਪਤਾ ਹੋਏ 328 ਸਰੂਪਾਂ ਦੇ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਦੇ 16 ਮੁਲਾਜ਼ਮਾਂ ਵਿਰੁਧ ਐਫ਼.ਆਈ.ਆਰ. ਦਰਜ ਹੋਣ ਪਿਛੋਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ਼੍ਰੋਮਣੀ ਕਮੇਟੀ, ਬਾਦਲਾਂ ਤੇ ਸਰਨਿਆਂ ਦੀ ਤਿੱਖੀ ਨੁਕਤਾਚੀਨੀ ਕੀਤੀ ਹੈ। ਇਥੇ ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਕਿਹਾ, "ਸ਼੍ਰੋਮਣੀ ਕਮੇਟੀ ਮੁਲਾਜ਼ਮਾਂ ਵਿਰੁਧ 328 ਸਰੂਪਾਂ ਬਾਰੇ ਜੋ ਐਫ਼.ਆਈ.ਆਰ. ਦਰਜ ਹੋਈ ਹੈ। ਉਸ ਬਾਰੇ ਸ਼੍ਰੋਮਣੀ ਕਮੇਟੀ ਨੂੰ ਸਰਕਾਰ ਤੇ ਪੁਲਿਸ ਨੂੰ ਸਹਿਯੋਗ ਕਰਨਾ ਚਾਹੀਦਾ ਹੈ। ਪੰਜਾਬ ਦੀਆਂ ਜਥੇਬੰਦੀਆਂ ਪਿਛਲੇ 4 ਸਾਲ ਤੋਂ ਰੋਸ ਮਾਰਚ ਕਰ ਕੇ, ਇਸ ਮਾਮਲੇ ਵਿਚ ਦੋਸ਼ੀਆਂ ਵਿਰੁਧ ਕਾਰਵਾਈ ਦੀ ਮੰਗ ਕਰ ਰਹੀਆਂ ਸਨ, ਪਰ ਸ਼੍ਰੋਮਣੀ ਕਮੇਟੀ ਅਪਣੀ ਜ਼ਿੰਮੇਵਾਰੀ ਨਿਭਾਉਣ ਵਿਚ ਫੇਲ ਹੋਈ ਹੈ। ਸਰਕਾਰ ਤਾਂ ਦਖ਼ਲਅੰਦਾਜ਼ੀ ਕਰ ਰਹੀ ਹੈ ਕਿਉਂਕਿ ਤੁਸੀਂ (ਸ਼੍ਰੋਮਣੀ ਕਮੇਟੀ) ਅਪਣੀ ਜ਼ਿੰਮੇਵਾਰੀ ਤੋਂ ਫੇਲ ਹੋਏ ਹੋ। ਕੁਲਤਾਰ ਸਿੰਘ ਸੰਧਵਾਂ ਨੇ ਗੁਰਸਿੱਖ ਹੋਣ ਦੇ ਨਾਤੇ ਐਫ਼.ਆਈ.ਆਰ. ਦਰਜ ਕਰਵਾਈ ਹੈ।" ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ, "ਸਪੀਕਰ ਸੰਧਵਾਂ ਵਲੋਂ ਐਫ਼.ਆਈ.ਆਰਾਂ ਦਰਜ ਕਰਵਾਈਆਂ ਗਈਆਂ ਹਨ, ਉਸ ਪਿਛੋਂ ਹੁਣ ਉਨ੍ਹਾਂ ਨੂੰ ਚਾਹੀਦਾ ਹੈ ਕਿ ਉਹ ਇਸ ਮਾਮਲੇ ਵਿਚ 'ਫਾਸਟ ਟ੍ਰੈਕ' ਮਾਮਲਾ ਚਲਵਾ ਕੇ, ਇਨਸਾਫ਼ ਦੇਣਾ ਯਕੀਨੀ ਬਣਾਉਣ।

ਜਸਟਿਸ ਸਵਾਮੀਨਾਥਨ ਨੂੰ ਹਟਾਉਣ ਲਈ ਸਪੀਕਰ ਨੂੰ ਨੋਟਿਸ ਸੌਂਪਿਆ

ਨਵੀਂ ਦਿੱਲੀ, 9 ਦਸੰਬਰ : ਕਾਂਗਰਸ, ਡੀ.ਐਮ.ਕੇ., ਸਪਾ ਤੇ ਕਈ ਹੋਰ ਵਿਰੋਧੀ ਪਾਰਟੀਆਂ ਨੇ ਲੋਕ ਸਭਾ ਸਪੀਕਰ ਓਮ ਬਿਰਲਾ ਨੂੰ ਨੋਟਿਸ ਸੌਂਪ ਕੇ ਮਦਰਾਸ ਹਾਈ ਕੋਰਟ ਦੇ ਜੱਜ ਜਸਟਿਸ ਜੀ.ਆਰ. ਸਵਾਮੀਨਾਥਨ ਨੂੰ ਹਟਾਉਣ ਦੀ ਮੰਗ ਕੀਤੀ ਹੈ। ਕਾਂਗਰਸ ਦੀ ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਵਾਡਰਾ, ਸਪਾ ਦੇ ਪ੍ਰਧਾਨ ਅਖਿਲੇਸ਼ ਯਾਦਵ, ਡੀ.ਐਮ.ਕੇ. ਨੇਤਾ ਟੀਆਰ ਬਾਲੂ ਤੇ ਹੋਰ ਨੇਤਾਵਾਂ ਨੇ ਬਿਰਲਾ ਨਾਲ ਮੁਲਾਕਾਤ ਕੀਤੀ ਤੇ ਨੋਟਿਸ ਜਾਰੀ ਕੀਤਾ। ਨੋਟਿਸ ਉਤੇ ਵਿਰੋਧੀ ਧਿਰ ਦੇ 120 ਤੋਂ ਵੱਧ ਸੰਸਦ ਮੈਂਬਰਾਂ ਨੇ ਦਸਤਖ਼ਤ ਕੀਤੇ ਹਨ। ਦੋਸ਼ ਹੈ ਕਿ ਜੱਜ ਦੇ ਫ਼ੈਸਲੇ ਤੋਂ ਬਾਅਦ ਫ਼ਾਸਪਾ ਨੇ ਜ਼ਿਰਕੂ ਟਕਰਾਅ ਦੀ ਸਥਿਤੀ ਪੈਦਾ ਕੀਤੀ ਹੈ। (ਪੀਟੀਆਈ)

ਜਨਮ ਦਿਨ ਮੁਬਾਰਕ

ਫ਼ਿਜ਼ਾ ਅਨਮਾਰੀ
ਪਿਤਾ : ਨੂਰਦੀਨ ਅਨਮਾਰੀ
ਪਿੰਡ ਸੂਚ ਬਾਹਨੂੰਵਾਨ, ਗੁਰਦਾਸਪੁਰ

ਲਾਪਤਾ 328 ਪਾਵਨ ਸਰੂਪਾਂ ਦੇ ਦੋਸ਼ੀਆਂ ਉਤੇ ਪਰਚਾ ਦਰਜ ਹੋਣਾ ਖ਼ਾਲਸਾ ਪੰਥ ਦੀ ਇਤਿਹਾਸਕ ਜਿੱਤ : ਭਾਈ ਰਣਜੀਤ ਸਿੰਘ

ਅੰਮ੍ਰਿਤਸਰ, 9 ਦਸੰਬਰ (ਸੁਖਵਿੰਦਰਜੀਤ ਸਿੰਘ ਬਹੋਰੂ) : ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪ ਲਾਪਤਾ ਕਰਨ ਵਾਲੇ ਸ਼੍ਰੋਮਣੀ ਕਮੇਟੀ ਦੇ ਦੋਸ਼ੀ ਅਧਿਕਾਰੀਆਂ ਅਤੇ ਮੁਲਾਜ਼ਮਾਂ ਉਤੇ ਹੋਏ ਪਰਚੇ ਦਾ ਸਿੱਧ ਪੁਰਬ ਫ਼ੈਡਰੇਸ਼ਨ ਛਿਛਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਸਾਬਕਾ ਪ੍ਰਧਾਨ ਬਲਵੰਤ ਸਿੰਘ ਗੋਪਾਲਾ ਅਤੇ ਮੀਤ ਪ੍ਰਧਾਨ ਭੁਪਿੰਦਰ ਸਿੰਘ ਛੇ ਜੂਨ ਨੇ ਸਵਾਗਤ ਕਰਦਿਆ ਇਸ ਨੂੰ ਖ਼ਾਲਸਾ

ਪੰਥ ਦੀ ਇਤਿਹਾਸਕ ਜਿੱਤ ਤੇ ਨਰੇਂਦ੍ਰ ਮਹਿਤ ਦੇ ਵਾਰਸਾਂ ਸ਼੍ਰੋਮਣੀ ਕਮੇਟੀ ਬਾਦਲਕਿਆਂ ਦੀ ਕਰਾਰੀ ਹਾਰ ਦਸਿਆ ਹੈ। ਉਨ੍ਹਾਂ ਨੇ ਸਿੱਖ ਸਦਭਾਵਨਾ ਦਲ ਦੇ ਮੁੱਖ ਸੇਵਾਦਾਰ ਤੇ ਸ੍ਰੀ ਦਰਬਾਰ ਸਾਹਿਬ ਦੇ ਸਾਬਕਾ ਹਜ਼ੂਰੀ ਰਾਗੀ ਭਾਈ ਬਲਦੇਵ ਸਿੰਘ ਵਡਾਲਾ ਵਲੋਂ ਪੰਜ ਸਾਲ ਮੋਰਚਾ ਲਗਾ ਕੇ ਕੀਤੇ ਸੰਘਰਸ਼ ਦੀ ਭਰਪੂਰ ਸ਼ਲਾਘਾ ਕੀਤੀ ਹੈ ਅਤੇ ਕਿਹਾ ਕਿ ਇਹ ਮੰਜ਼ਲ ਪੰਜਾਬ ਸਰਕਾਰ ਦਾ 'ਦੇਰ ਆਏ ਦੁਰਸਤ ਆਏ' ਕਹਾਵਤ ਤਹਿਤ ਸਹੀ ਫ਼ੈਸਲਾ ਹੈ, ਹੁਣ ਦੋਸ਼ੀਆਂ ਨੂੰ ਛੇਤੀ ਸਜ਼ਾ ਦੇਣੀ ਚਾਹੀਦੀ ਹੈ। ਉਨ੍ਹਾਂ ਕਹਿਣਾ ਸੀ ਕਿ ਸ਼੍ਰੋਮਣੀ ਕਮੇਟੀ ਦੇ ਮੌਜੂਦਾ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵਲੋਂ ਇਸ ਮਾਮਲੇ ਵਿਚ ਸਾਫ਼ ਸ਼ਬਦਾਂ ਵਿਚ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਦਾ ਐਲਾਨ ਕਰਨ ਦੀ ਲੋੜ ਹੈ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਜਗੀਰ ਸਿੰਘ ਅਨੰਦਪੁਰੀ ਅਤੇ ਭਾਈ ਗੁਰਵੀਰ ਸਿੰਘ ਹਾਲੈਂਡ ਨੇ ਗੁਰਮਤਿ ਵਿਚਾਰ ਸਾਂਝੇ ਕੀਤੇ ਤੇ ਬੀਬੀ ਰਾਜੀਮਨਦੀਪ ਕੌਰ ਨੇ ਕਵਿਤਾ ਰਾਹੀਂ ਸਾਧ ਸੰਗਤ ਨੂੰ ਨਿਹਾਲ ਕੀਤਾ। ਭਾਈ ਪਰਮਜੀਤ ਸਿੰਘ ਨੇ ਸ਼ਬਦ ਕੀਰਤਨ ਦੀ ਸੇਵਾ ਨਿਭਾਈ। ਸਟੇਜ ਸਕੱਤਰ ਦੀ ਸੇਵਾ ਭਾਈ ਹੀਰਾ ਸਿੰਘ ਮੱਤੇਵਾਲ ਨੇ ਬਖ਼ੂਬੀ ਹੀ ਸੁਚੱਜੇ ਤਰੀਕੇ ਨਾਲ ਨਿਭਾਈ। ਉਨ੍ਹਾਂ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਮੂਹ ਸਾਧ ਸੰਗਤ ਨੂੰ ਸਾਹਿਬਜ਼ਾਦਾ ਬਾਬਾ ਜੋਰਾਵਰ ਸਿੰਘ ਜੀ ਦੇ ਜਨਮ ਦਿਨ ਦੀਆਂ ਮੁਬਾਰਕਾਂ ਦੇਂਦਿਆਂ ਹਾਜ਼ਰੀ ਭਰਨ ਲਈ ਧਨਵਾਦ ਕੀਤਾ। ਸਮੂਹ ਸਾਧ ਸੰਗਤ ਨੇ ਸਮਾਗਮ ਵਿਚ ਹਾਜ਼ਰੀ ਭਰ ਕੇ ਗੁਰੂ ਸਾਹਿਬ ਦੀਆਂ ਬਖ਼ਸ਼ਿਸ਼ਾਂ ਪ੍ਰਾਪਤ ਕੀਤੀਆਂ ਅਤੇ ਗੁਰੂ ਕਾ ਲੰਗਰ ਅਟੁੱਟ ਵਰਤਦਾ ਰਿਹਾ।

ਪੰਥਕ ਇੱਕਠ 'ਚ ਸ਼ਾਮਲ ਹੋਣ ਲਈ ਸਪੀਕਰ ਸੰਧਵਾਂ ਦੀ ਧਰਮੀ ਫ਼ੌਜੀਆਂ ਨੇ ਕੀਤੀ ਸ਼ਲਾਘਾ

ਧਾਰੀਵਾਲ, 9 ਦਸੰਬਰ (ਇੰਦਰ ਜੀਤ) : 328 ਪਾਵਨ ਸਰੂਪਾਂ ਦੇ ਲਾਪਤਾ ਹੋਣ ਸੰਬੰਧੀ 7 ਦਸੰਬਰ ਨੂੰ ਅੰਮ੍ਰਿਤਸਰ ਵਿਖੇ ਬ